# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 08-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਸ ਇਨਾਸੀਓ ਲੂਲਾ ਡਾ ਸਿਲਵਾ ਨਾਲ ਦੋਵਾਂ ਮੁਲਕਾਂ ਵਿਚਕਾਰ, ਆਪਸੀ ਹਿੱਤਾਂ ਦੇ ਖੇਤਰਾਂ ਵਿੱਚ ਰਣਨੀਤਕ ਭਾਈਵਾਲੀ ਨੂੰ ਵਧਾਉਣ ਬਾਰੇ ਕਰਨਗੇ ਦੁਵੱਲੀ ਗੱਲਬਾਤ ।
- ਹਜ ਕਮੇਟੀ ਵਲੋਂ ਹਜ ਯਾਤਰਾ 2026 ਲਈ ਅਰਜ਼ੀ ਪ੍ਰਕਿਰਿਆ ਦੀ ਸ਼ੁਰੂਆਤ ।
- ਕੈਬਿਨਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ, e-KYC ਪ੍ਰਕਿਰਿਆ ਨੂੰ ਪੂਰਾ ਕਰਨ ਲਈ, ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ ਨੂੰ ਜੰਗੀ ਪੱਧਰ ‘ਤੇ ਕੰਮ ਕਰਨ ਦੇ ਨਿਰਦੇਸ਼ I
- ਬੀਤੇ ਦਿਨੀ ਜ਼ਿਲਾ ਫਾਜ਼ਿਲਕਾ ਦੇ ਅਬੋਹਰ ਵਿਚ ਕਾਰੋਬਾਰੀ ਸੰਜੇ ਵਰਮਾ ਦੇ ਹੋਏ ਕਤਲ ਮਾਮਲੇ ’ਚ ਪੁਲਿਸ ਵਲੋਂ ਗਿਰਫ਼ਤਾਰ ਦੋ ਮੁਲਜ਼ਮ ਪੁਲਿਸ ਐਨਕਾਊਂਟਰ ਵਿਚ ਮਾਰੇ ਗਏ I

- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਉਤਰਾਖੰਡ ਵਿਚ, ਵੱਖ-ਵੱਖ ਥਾਵਾਂ 'ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ।

ਹੁਣ ਖਬਰਾਂ ਵਿਸਥਾਰ ਨਾਲ.....

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਸ ਇਨਾਸੀਓ ਲੂਲਾ ਡਾ ਸਿਲਵਾ ਨਾਲ ਦੋਵਾਂ ਦੇਸ਼ਾਂ ਵਿਚਕਾਰ ਆਪਸੀ ਹਿੱਤਾਂ ਦੇ ਖੇਤਰਾਂ ਵਿੱਚ ਰਣਨੀਤਕ ਭਾਈਵਾਲੀ ਨੂੰ ਵਧਾਉਣ 'ਤੇ ਦੁਵੱਲੀ ਗੱਲਬਾਤ ਕਰਨਗੇ । ਅੱਜ ਦੀ ਗੱਲਬਾਤ ਵਿੱਚ ਵਪਾਰ, ਰੱਖਿਆ, ਊਰਜਾ, ਪੁਲਾੜ, ਤਕਨਾਲੋਜੀ, ਖੇਤੀਬਾੜੀ, ਸਿਹਤ ਅਤੇ ਲੋਕਾਂ ਤੋਂ ਲੋਕਾਂ ਦੇ ਸੰਪਰਕ ਦੇ ਮੁੱਦੇ ਵੀ ਸ਼ਾਮਲ ਹੋਣਗੇ। ਇਸ ਤੋਂ ਬਾਅਦ ਵਫ਼ਦ-ਪੱਧਰੀ ਗੱਲਬਾਤ ਹੋਵੇਗੀ। ਦੋਵੇਂ ਦੇਸ਼ ਆਪਸੀ ਹਿੱਤਾਂ ਦੇ ਖੇਤਰਾਂ ਵਿੱਚ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਸਮਝੌਤਿਆਂ 'ਤੇ ਦਸਤਖਤ ਕਰਨਗੇ । ਜ਼ੀਲ ਵਿੱਚ ਭਾਰਤੀ ਰਾਜਦੂਤ ਦਿਨੇਸ਼ ਭਾਟੀਆ ਨੇ ਪਹਿਲਾਂ ਕਿਹਾ ਸੀ ਕਿ ਪ੍ਰਧਾਨ ਮੰਤਰੀ ਦੀਆਂ ਦੁਵੱਲੀਆਂ ਮੀਟਿੰਗਾਂ ਦੌਰਾਨ ਚਾਰ ਸਮਝੌਤਿਆਂ 'ਤੇ ਦਸਤਖਤ ਕੀਤੇ ਜਾਣਗੇ।BYTE: ਇਹ ਸਮਝੌਤੇ ਦਹਿਸ਼ਤਗਰਦੀ ਦਾ ਮੁਕਾਬਲਾ ਕਰਨ, ਗੁਪਤ ਜਾਣਕਾਰੀ ਦੇ ਆਪਸੀ ਸਾਂਝੇਦਾਰੀ, ਨਵਿਆਉਣਯੋਗ ਊਰਜਾ ਵਿੱਚ

ਸਹਿਯੋਗ ਅਤੇ ਖੇਤੀਬਾੜੀ ਖੋਜ ਬਾਰੇ ਹੋਣਗੇ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਪਣੇ ਪੰਜ ਦੇਸ਼ਾਂ ਦੇ ਦੌਰੇ ਦੇ ਆਖਰੀ ਗੇੜ ਵਿੱਚ ਕੱਲ੍ਹ ਨਾਮੀਬੀਆ ਦੇ ਵਿੰਡਹੋਕ ਪਹੁੰਚਣਗੇ। ਉਨ੍ਹਾਂ ਦਾ ਦੌਰਾ ਨਾਮੀਬੀਆ ਦੇ ਰਾਸ਼ਟਰਪਤੀ ਨੇਤੁੰਬੋ ਨੰਦੀ ਨੇਤਵਾਹ ਦੇ ਸੱਦੇ 'ਤੇ ਹੋ ਰਿਹਾ ਏ । ਇਹ ਪ੍ਰਧਾਨ ਮੰਤਰੀ ਮੋਦੀ ਦਾ ਨਾਮੀਬੀਆ ਦਾ ਪਹਿਲਾ ਦੌਰਾ ਅਤੇ ਕਿਸੇ ਭਾਰਤੀ ਪ੍ਰਧਾਨ ਮੰਤਰੀ ਦਾ ਤੀਜਾ ਦੌਰਾ ਹੋਵੇਗਾ।ਇੱਕ ਰਿਪੋਰਟ :

*ਦੋਵੇਂ ਦੇਸ਼ ਅੱਜ ਵਪਾਰ ਅਤੇ ਨਿਵੇਸ਼, ਖਣਨ, ਹੀਰਾ ਪ੍ਰੋਸੈਸਿੰਗ, ਊਰਜਾ, ਸਿਹਤ, ਰੱਖਿਆ, ਵਾਤਾਵਰਣ ਅਤੇ ਜੈਵ ਵਿਭਿੰਨਤਾ ਅਤੇ ਸਮਰੱਥਾ ਨਿਰਮਾਣ ਸਮੇਤ ਕਈ ਖੇਤਰਾਂ ਵਿੱਚ ਭਾਈਵਾਲ ਨੇ ।ਅੱਜ ਦੋਵਾਂ ਦੇਸ਼ਾਂ ਵਿਚਕਾਰ ਵਪਾਰ 600 ਮਿਲੀਅਨ ਡਾਲਰ ਦਾ ਏ ਅਤੇ ਨਾਮੀਬੀਆ ਵਿੱਚ ਭਾਰਤ ਦਾ ਨਿਵੇਸ਼ ਲਗਭਗ 800 ਮਿਲੀਅਨ ਡਾਲਰ ਏ । ਜੰਗਲੀ ਜੀਵ ਸੰਭਾਲ ਵਿੱਚ ਸਾਂਝੇਦਾਰੀ ਨੂੰ ਅੱਗੇ ਵਧਾਉਂਦੇ ਹੋਏ, ਸਤੰਬਰ 2022 ਵਿੱਚ ਅੱਠ ਚੀਤਿਆਂ ਨੂੰ ਨਾਮੀਬੀਆ ਤੋਂ ਭਾਰਤ ਦੇ ਕੁਨੋ ਨੈਸ਼ਨਲ ਪਾਰਕ ਵਿੱਚ ਤਬਦੀਲ ਕੀਤਾ ਗਿਆ ਸੀ। ਡਿਜੀਟਲ ਮੋਰਚੇ 'ਤੇ, ਨਾਮੀਬੀਆ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਏ ਜਿੱਥੇ NPCI ਨੇ UPI ਵਰਗੀ ਅਸਲ ਸਮੇਂ ਦੀ ਅਦਾਇਗੀ ਪ੍ਰਣਾਲੀ ਦੀ ਤਾਇਨਾਤੀ ਲਈ ਕੇਂਦਰੀ ਬੈਂਕ*

*ਨਾਲ ਇੱਕ ਤਕਨਾਲੋਜੀ ਸਮਝੌਤੇ 'ਤੇ ਹਸਤਾਖਰ ਕੀਤੇ ਨੇ । ਆਉਣ ਵਾਲੀ ਫੇਰੀ ਦੌਰਾਨ ਦੋਵਾਂ ਦੇਸ਼ਾਂ ਵਿਚਕਾਰ ਆਰਥਿਕ ਸਹਿਯੋਗ ਵਧਣ ਦੀ ਉਮੀਦ ਏ । ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਅਮਨਦੇਵ*

---------------------------------------------------------------

ਹਜ ਕਮੇਟੀ ਨੇ ਹਜ ਯਾਤਰਾ 2026 ਲਈ ਅਰਜ਼ੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਏ । ਹਜ ਯਾਤਰੀ ਆਪਣੀਆਂ ਅਰਜ਼ੀਆਂ ਅਧਿਕਾਰਤ ਹਜ ਪੋਰਟਲ hajcommittee.gov.in ਜਾਂ ਹਜ ਸੁਵਿਧਾ ਮੋਬਾਈਲ ਐਪ "HAJ SUVIDHA" ਰਾਹੀਂ ਜਮ੍ਹਾਂ ਕਰਵਾ ਸਕਦੇ ਨੇ । ਘੱਟ ਗਿਣਤੀ ਮਾਮਲਿਆਂ ਦੇ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਔਨਲਾਈਨ ਅਰਜ਼ੀ ਵਿੰਡੋ 31 ਜੁਲਾਈ ਤੱਕ ਖੁੱਲ੍ਹੀ ਰਹੇਗੀ । ਬਿਨੈਕਾਰ ਕੋਲ ਅਰਜ਼ੀ ਦੀ ਆਖਰੀ ਤਰੀਕ ਨੂੰ ਜਾਂ ਇਸ ਤੋਂ ਪਹਿਲਾਂ ਜਾਰੀ ਕੀਤਾ ਗਿਆ ਭਾਰਤੀ ਪਾਸਪੋਰਟ ਹੋਣਾ ਚਾਹੀਦਾ ਏ ਅਤੇ ਇਹ ਘੱਟੋ-ਘੱਟ 31 ਦਸੰਬਰ, 2026 ਤੱਕ ਵੈਧ ਹੋਣਾ ਚਾਹੀਦਾ ਏ । ਕਮੇਟੀ ਨੇ ਬਿਨੈਕਾਰਾਂ ਨੂੰ ਅਰਜ਼ੀ ਦੇਣ ਤੋਂ ਪਹਿਲਾਂ ਆਪਣੀਆਂ ਤਿਆਰੀਆਂ 'ਤੇ ਧਿਆਨ ਨਾਲ ਵਿਚਾਰ ਕਰਨ ਦੀ ਸਲਾਹ ਵੀ ਦਿੱਤੀ ਏ। ਮੌਤ ਜਾਂ ਗੰਭੀਰ ਡਾਕਟਰੀ ਸਥਿਤੀ ਨੂੰ ਛੱਡ ਕੇ, ਅਰਜ਼ੀ ਰੱਦ ਕਰਨ 'ਤੇ ਜੁਰਮਾਨਾ ਲੱਗੇਗਾ ਅਤੇ ਇਸ ਦੇ ਨਤੀਜੇ ਵਜੋਂ ਵਿੱਤੀ ਨੁਕਸਾਨ ਹੋ ਸਕਦਾ

ਏ । ਵਿਸਤ੍ਰਿਤ ਨਿਰਦੇਸ਼ ਵੈੱਬਸਾਈਟ ਤੋਂ ਲਾਏ ਜਾ ਸਕਦੇ ਨੇ ।

-----------------------------------------------------------

ਸੂਬੇ ਦੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ, e-KYC ਪ੍ਰਕਿਰਿਆ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਲਈ, ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਨੇ । ਇਸਦਾ ਉਦੇਸ਼ ਯੋਗ ਲਾਭਪਾਤਰੀਆਂ ਨੂੰ ਮੁਫਤ ਰਾਸ਼ਨ ਮਿਲਦੇ ਰਹਿਣ ਨੂੰ ਯਕੀਨੀ ਬਣਾਉਣਾ ਏ। ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ ਨਾਲ ਵੀਡੀਓ ਕਾਨਫਰੰਸਿੰਗ ਰਾਹੀਂ ਸਮੀਖਿਆ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਗਿਆ ਕਿ 1 ਕਰੋੜ 25 ਲਖ ਲਾਭਪਾਤਰੀਆਂ ਲਈ ਈ-ਕੇ.ਵਾਈ.ਸੀ ਪ੍ਰਕਿਰਿਆ ਪੂਰੀ ਕਰ ਲਈ ਗਈ ਏ। ਇਸ ਪ੍ਰਕਿਰਿਆ ਨੂੰ ਮੁਕੰਮਲ ਕਰਨ ਦੀ ਆਖਰੀ ਤਰੀਕ 30 ਜੂਨ ਸੀ ਪਰ ਟੀਚੇ ਵੱਲ ਤੇਜ਼ੀ ਨਾਲ ਅੱਗੇ ਵਧਣ ਦੇ ਬਾਵਜੂਦ ਅਜੇ ਵੀ ਕਈ ਲਾਭਪਾਤਰੀ ਦੀ ਈ-ਕੇਵਾਈਸੀ ਅਜੇ ਬਾਕੀ ਏ । ਇਸ ਦਾ ਸਖ਼ਤ ਨੋਟਿਸ ਲੈਂਦੇ ਲੈਂਦਿਆਂ, ਕੈਬਨਿਟ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਤੋਂ ਇਸ ਪ੍ਰਕਿਰਿਆ ਲਈ ਆਖਰੀ ਤਰੀਕ 31 ਅਗਸਤ ਤੱਕ ਵਧਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਨੇ । ਉਨ੍ਹਾਂ ਨੇ ਮਾੜੀ ਕਾਰਗੁਜ਼ਾਰੀ ਵਾਲੇ ਡਿਪੂ ਹੋਲਡਰਾਂ ਦੀ ਪਛਾਣ ਕਰਨ ਅਤੇ ਅਜਿਹੇ ਡਿਪੂ ਹੋਲਡਰਾਂ ਨੂੰ ਸਖ਼ਤ ਚੇਤਾਵਨੀ ਦੇਣ ਲਈ ਕਿਹਾਏ ਕਿ ਜੇਕਰ ਇਸ ਸਬੰਧ

ਵਿੱਚ ਕੋਈ ਵੀ ਲਾਪਰਵਾਹੀ ਪਾਈ ਜਾਂਦੀ ਏ ਤਾਂ ਉਨ੍ਹਾਂ ਦੇ ਡਿਪੂ ਰੱਦ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜੁਲਾਈ-ਅਗਸਤ-ਸਤੰਬਰ ਸਰਕਲ ਵਿੱਚ ਇਹ ਪ੍ਰਕਿਰਿਆ ਪੂਰੀ ਤਰ੍ਹਾਂ ਮੁਕੰਮਲ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਯੋਗ ਲਾਭਪਾਤਰੀਆਂ ਨੂੰ ਕਣਕ ਦੀ ਵੰਡ ਜਨਤਕ ਵੰਡ ਪ੍ਰਣਾਲੀ ਅਧੀਨ 2 ਸ਼੍ਰੇਣੀਆਂ ਵਿੱਚ ਕੀਤੀ ਜਾਂਦੀ ਏ ।

-------------------------------------------------------

ਅਬੋਹਰ ਦੇ ਸੰਜੇ ਵਰਮਾ ਕਤਲ ਕਾਂਡ ਵਿੱਚ ਪਟਿਆਲਾ ਤੋਂ ਫੜੇ ਗਏ ਦੋਵੇਂ ਮੁਲਜ਼ਮ ਅਬੋਹਰ ਵਿੱਚ ਪੁਲਿਸ ਮੁਕਾਬਲੇ ਵਿੱਚ ਮਾਰੇ ਗਏ ਨੇ । ਇਸ ਮੁਕਾਬਲੇ ਵਿੱਚ ਇੱਕ ਪੁਲਿਸ ਮੁਲਾਜ਼ਮ ਵੀ ਜ਼ਖਮੀ ਹੋਇਆ ਏ ਜਿਸਨੂੰ ਗੋਲੀ ਲੱਗੀ ਏ । ਅੱਜ ਦੁਪਹਿਰ ਨੂੰ ਹੀ ਏ.ਡੀ.ਜੀ.ਪੀ ਅਰਪਿਤ ਸ਼ੁਕਲਾ ਨੇ ਖੁਲਾਸਾ ਕੀਤਾ ਸੀ ਕਿ ਪੁਲਿਸ ਨੇ ਸੰਜੇ ਵਰਮਾ ਕਤਲ ਕਾਂਡ ਵਿੱਚ ਸ਼ਾਮਲ ਪਟਿਆਲਾ ਤੋਂ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ । ਜਿਨ੍ਹਾਂ ਦੀ ਪਛਾਣ ਰਾਮਰਤਨ ਅਤੇ ਜਸਬੀਰ ਸਿੰਘ ਵਜੋਂ ਹੋਈ ਏ । ਫਿਰੋਜ਼ਪੁਰ ਦੇ ਡੀ.ਆਈ.ਜੀ ਹਰਮਨਬੀਰ ਸਿੰਘ ਗਿੱਲ ਨੇ ਵੇਰਵੇ ਸਾਂਝੇ ਕਰਦਿਆਂ ਦਸਿਆ BYTE:

ਫਾਜ਼ਿਲਕਾ ਤੋਂ ਸਾਢੇ ਪਤਰਕਾਰ ਜੈਲੇਸ਼ ਠਠਈ ਨੇ ਡੀ.ਆਈ.ਜੀ ਤੋਂ ਮਿਲੀ ਜਾਣਕਾਰੀ ਦੇ ਹਵਾਲੇ ਨਾਲ ਦਸਿਆ ਏ ਕਿ ਕਿ ਸੰਜੇ ਵਰਮਾ ਕਤਲ ਕੇਸ ਵਿੱਚ ਹੁਣ ਤੱਕ ਕੁੱਲ ਪੰਜ ਮੁਲਜ਼ਮਾਂ ਦੀ ਪਛਾਣ ਕੀਤੀ ਗਈ

ਏ। ਪੁਲਿਸ ਜਲਦੀ ਹੀ ਬਾਕੀ ਮੁਲਜ਼ਮਾਂ ਨੂੰ ਵੀ ਗ੍ਰਿਫ਼ਤਾਰ ਕਰ ਲਵੇਗੀ। ਉਨ੍ਹਾਂ ਕਿਹਾ ਕਿ ਤਿੰਨ ਮੁਲਜ਼ਮ ਇੱਕ ਬਾਈਕ 'ਤੇ ਸਵਾਰ ਸਨ ਅਤੇ ਦੋ ਬਦਮਾਸ਼ ਉਨ੍ਹਾਂ ਨੂੰ ਇੱਕ ਕਾਰ ਵਿੱਚ ਲੈ ਕੇ ਭੱਜ ਗਏ।

---------------------------------------------------

ਰੇਲ ਅਤੇ ਖੁਰਾਕ ਪ੍ਰੋਸੈਸਿੰਗ ਰਾਜ ਮੰਤਰੀ ਰਵੀਨੀਤ ਸਿੰਘ ਬਿੱਟੂ ਨੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਮੰਤਰੀ ਅਮਨ ਅਰੋੜਾ ਵੱਲੋਂ, ਕੇਂਦਰ ਸਰਕਾਰ ’ਤੇ ਗੈਂਗਸਟਰਾਂ ਨੂੰ ਸੁਰੱਖਿਆ ਦੇਣ ਦੇ ਲਾਏ ਗਏ ਇਲਜ਼ਾਮ ਦੀ ਨਿਖੇਦੀ ਕੀਤੀ ਏ। ਓਹਨਾ ਨੇ ਅਮਨ ਅਰੋੜਾ ਦੇ ਬਿਆਨ ਨੂੰ “ਗੈਰ-ਜਿੰਮੇਵਾਰਾਨਾ” ਅਤੇ “ਗੰਭੀਰ ਰੂਪ ਵਿੱਚ ਨਿੰਦਣਯੋਗ” ਦੱਸਿਆ ਅਤੇ ਕਿਹਾ ਕਿ ਇਹ ਬਿਆਨ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਨਾਕਾਮੀ ਤੋਂ ਧਿਆਨ ਭਟਕਾਉਣ ਦੀ ਕੋਸ਼ਿਸ਼ ਏ। ਸ੍ਰੀ  ਬਿੱਟੂ ਨੇ ਕਿਹਾ ਕਿ ਉਹ, ਇਸ ਮਾਮਲੇ ’ਚ ਪੰਜਾਬ ਦੇ ਰਾਜਪਾਲ ਨੂੰ ਪੱਤਰ ਲਿਖਣਗੇ ਅਤੇ ਅਮਨ ਅਰੋੜਾ ਵੱਲੋਂ ਲਾਏ ਗਏ “ਬੇਬੁਨਿਆਦ ਇਲਜ਼ਾਮਾਂ ” ’ਤੇ ਕਾਰਵਾਈ ਦੀ ਮੰਗ ਕਰਨਗੇ। ਉਨ੍ਹਾਂ ਪੰਜਾਬ ਦੇ ਪੁਲਿਸ ਮੁਖੀ  ਗੌਰਵ ਯਾਦਵ ਅਤੇ ਮੁੱਖ ਸਕੱਤਰ ਕੇ.ਏ.ਪੀ ਸਿਨ੍ਹਾ ਤੋਂ ਵੀ ਲਿਖਤੀ ਸਪਸ਼ਟੀਕਰਨ ਮੰਗਿਆ ਏ  ਕਿ ਕੀ ਅਮਨ ਅਰੋੜਾ ਦਾ ਇਹ ਬਿਆਨ ਭਗਵੰਤ ਮਾਨ ਸਰਕਾਰ ਦੀ ਅਧਿਕਾਰਿਕ ਰਾਏ ਏ।

---------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਸਥਾਨਕ ਸਰਕਾਰਾਂ ਵਿਭਾਗ ਦੀਆਂ ਵੱਖ-ਵੱਖ ਜਥੇਬੰਦੀਆਂ ਨਾਲ ਕਈ ਮੀਟਿੰਗਾਂ ਕਰਕੇ, ਉਹਨਾਂ ਦੇ ਨੁਮਾਇੰਦਿਆਂ ਵੱਲੋਂ ਸਾਂਝੇ ਕੀਤੇ ਗਏ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ। ਹਰਪਾਲ ਸਿੰਘ ਚੀਮਾ ਮੁਲਾਜ਼ਮਾਂ ਦੇ ਮੁੱਦਿਆਂ ਦੇ ਹੱਲ ਲਈ ਬਣਾਈ ਗਈ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਨੇ । ਐਡਵੋਕੇਟ ਚੀਮਾ ਨੇ ਸਥਾਨਕ ਸਰਕਾਰ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਇਨ੍ਹਾਂ ਮੁਲਾਜ਼ਮ ਕਰਮਚਾਰੀ ਜਥੇਬੰਦੀਆਂ ਵਲੋਂ ਉਠਾਈਆਂ ਗਈਆਂ ਮੁੱਖ ਸਮੱਸਿਆਵਾਂ ਅਤੇ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕਰਨ ਲਈ ਇੱਕ ਵਿਆਪਕ ਤਜਵੀਜ਼ ਤਿਆਰ ਕਰਨ। ਉਨ੍ਹਾਂ ਵਿਭਾਗ ਨੂੰ ਇਨ੍ਹਾਂ ਕਰਮਚਾਰੀਆਂ ਨੂੰ ਗਰੁੱਪ ਬੀਮਾ ਕਵਰੇਜ ਮੁਹੱਈਆ ਕਰਵਾਉਣ ਦੀਆਂ ਸੰਭਾਵਨਾਵਾਂ ਬਾਰੇ ਪੜਚੋਲ ਕਰਨ ਦੇ ਨਿਰਦੇਸ਼ ਵੀ ਦਿੱਤੇ। ਜਥੇਬੰਦੀਆਂ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਉਂਦੇ ਹੋਏ ਵਿੱਤ ਮੰਤਰੀ  ਨੇ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਲਈ ਢੁਕਵੇਂ ਹੱਲ ਲੱਭਣ ਦੀ ਅਟੱਲ ਵਚਨਬੱਧਤਾ ਨੂੰ ਦੁਹਰਾਇਆ।

------------------------------------------------------

NCC ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਦੇ ਐਡੀਸ਼ਨਲ ਡਾਇਰੈਕਟਰ ਜਨਰਲ, ਮੇਜਰ ਜਨਰਲ ਜੇ. ਐੱਸ. ਚੀਮਾ ਨੇ ਅੱਜ ਗਰੁੱਪ ਹੈੱਡਕੁਆਰਟਰ ਜਲੰਧਰ ਵਿਚ ਸਾਲ ਭਰ ਚੱਲਣ ਵਾਲ਼ੀਆਂ

ਐਨ.ਸੀ.ਸੀ ਗਤਿਵਿਧੀਆਂ ਦਾ ਜਾਇਜ਼ਾ ਲਿਆ ਅਤੇ ਫੌਜੀ ਅਧਿਕਾਰੀਆਂ ਨੂੰ ਭਵਿੱਖ ਲਈ ਨਿਰਦੇਸ਼ ਜਾਰੀ ਕੀਤੇ। ਇਸ ਤੋਂ ਬਾਅਦ ਜਨਰਲ ਅਧਿਕਾਰੀ ਚੀਮਾ ਨੇ ਸੀਟੀ ਇੰਸਟੀਚਿਊਟ 'ਚ ਚੱਲ ਰਹੇ ਸੀ.ਏ.ਟੀ.ਸੀ-40 ਕੈਂਪ ਦਾ ਦੌਰਾ ਕੀਤਾ। ਕੈਂਪ ਕਮਾਂਡੇਂਟ ਕਰਣਲ ਵਿਨੋਦ ਜੋਸ਼ੀ ਨੇ ਉਨ੍ਹਾਂ ਨੂੰ ਕੈਂਪ ਵਿਚ ਚੱਲ ਰਹੀ ਸਿਖਲਾਈ  ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

-------------------------------------------------------------

ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਵੱਲੋਂ ਸਾਰੇ ਮੀਡੀਆ ਹਾਊਸਾਂ, ਪੱਤਰਕਾਰਾਂ ਅਤੇ ਇਲੈਕਟ੍ਰਾਨਿਕ ਮੀਡੀਆ ਪਲੇਟਫਾਰਮਾਂ ਨੂੰ ਇੱਕ ਸਲਾਹ ਜਾਰੀ ਕੀਤੀ ਗਈ ਏ । ਇਸ ਸਲਾਹ ਵਿੱਚ ਕਿਹਾ ਗਿਆ ਏ ਕਿ ਜੁਵੇਨਾਈਲ ਜਸਟਿਸ (ਬੱਚਿਆਂ ਦੀ ਦੇਖਭਾਲ ਅਤੇ ਸੁਰੱਖਿਆ) ਐਕਟ, 2015 ਦੀ ਧਾਰਾ 74 ਦੇ ਅਧੀਨ ਬੱਚਿਆਂ ਦੀ ਪਛਾਣ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਦਾ ਖੁਲਾਸਾ ਕਰਨਾ ਕਾਨੂੰਨੀ ਤੌਰ ’ਤੇ ਸਖ਼ਤ ਮਨਾਹੀ ਏ ।  ਇਸ ਵਿੱਚ ਉਹ ਬੱਚੇ ਵੀ ਸ਼ਾਮਲ ਹਨ ਜੋ ਕਿਸੇ ਵੀ ਤਰੀਕੇ ਦੀ ਕਾਨੂੰਨੀ ਕਾਰਵਾਈ ਵਿਚ ਪੀੜਤ, ਗਵਾਹ ਜਾਂ ਸੰਭਾਲ ਅਧੀਨ ਹਨ। ਮਨਾਹੀ ਕੀਤੀ ਗਈ ਜਾਣਕਾਰੀ ਵਿੱਚ ਨਾਮ, ਪਤਾ, ਸਕੂਲ, ਫੋਟੋ, ਵੀਡੀਓ ਜਾਂ ਹੋਰ ਕੋਈ ਵੀ ਵੇਰਵਾ ਸ਼ਾਮਲ ਹਨ, ਜੋ ਬੱਚੇ ਦੀ ਪਛਾਣ ਨੂੰ ਪ੍ਰਗਟ ਕਰ ਸਕਦੇ ਨੇ ।  ਕਮਿਸ਼ਨ ਨੇ ਜ਼ੋਰ ਦਿੰਦਿਆਂ

ਕਿਹਾ ਕਿ ਅਜਿਹੀ ਜਾਣਕਾਰੀ ਦਾ ਖੁਲਾਸਾ ਬੱਚੇ ਦੇ ਮਾਣ, ਭਾਵਨਾਤਮਕ ਤੰਦਰੁਸਤੀ ਅਤੇ ਸੁਰੱਖਿਆ ਲਈ ਗੰਭੀਰ ਅਤੇ ਸਥਾਈ ਨੁਕਸਾਨ ਦਾ ਕਾਰਣ ਬਣ ਸਕਦਾ ਏ ।

-----------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਸਵੇਰੇ ਉਲਟੀਆਂ ਤੇ ਦਸਤ ਰੋਗ ਪ੍ਰਭਾਵਤ ਅਲੀਪੁਰ ਅਰਾਈਆਂ, ਹੈਲਥ 'ਤੇ ਵੈਲਨੈਸ ਸੈਂਟਰ ਅਤੇ ਮਾਤਾ ਕੌਸ਼ੱਲਿਆ ਹਸਪਤਾਲ ਦਾ ਦੌਰਾ ਕਰਕੇ ਜਾਇਜ਼ਾ ਲਿਆ ।ਡਾ. ਪ੍ਰੀਤੀ ਯਾਦਵ ਨੇ ਸਮੂਹ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹੈਜੇ ਦੇ ਮਾਮਲੇ ਵਧਣ ਤੋਂ ਰੋਕਣ ਲਈ ਜ਼ਮੀਨੀ ਪੱਧਰ 'ਤੇ ਕਾਰਵਾਈ ਕੀਤੀ ਜਾਵੇ ਅਤੇ ਇਸ ਵਿੱਚ ਕੋਈ ਢਿੱਲ ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨੇ ਇਸਦੇ ਫੈਲਣ ਦੇ ਕਾਰਨਾਂ ਦਾ ਪਤਾ ਲਾਉਣ ਸਮੇਤ ਇਸ ਨੂੰ ਹੋਰ ਅੱਗੇ ਫੈਲਣ ਤੋਂ ਰੋਕਣ ਲਈ ਐਸ.ਡੀ.ਐਮ ਦੀ ਅਗਵਾਈ ਹੇਠ ਕਮੇਟੀ ਦਾ ਵੀ ਗਠਨ ਕੀਤਾ, ਜਿਸ 'ਚ ਜਲ ਸਪਲਾਈ ਤੇ ਸੀਵਰੇਜ ਬੋਰਡ, ਨਗਰ ਨਿਗਮ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਸ਼ਾਮਲ ਕੀਤਾ ਗਿਆ। ਡਾ. ਪ੍ਰੀਤੀ ਯਾਦਵ ਨੇ ਪੀੜਤ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਚੱਲ ਰਹੇ ਇਲਾਜ ਬਾਰੇ ਜਾਇਜ਼ਾ ਲਿਆ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜਿੱਥੇ ਆਪਣੇ ਘਰਾਂ ਵਿੱਚ ਪਾਣੀ ਦੀ ਗ਼ੈਰ ਕਾਨੂੰਨੀ ਸਪਲਾਈ ਨਾ

ਚਲਾਉਣ ਉਥੇ ਹੀ ਬਰਸਾਤ ਦੇ ਮੌਸਮ 'ਚ ਦੂਸ਼ਿਤ ਪਾਣੀ ਪੀਣ ਤੋਂ ਬਚਣ ਲਈ ਕਲੋਰੀਨ ਦੀਆਂ ਗੋਲੀਆਂ ਵਾਲਾ ਅਤੇ ਉਬਲਿਆ ਪਾਣੀ ਪੀਣ ਨੂੰ ਹੀ ਤਰਜੀਹ ਦੇਣ। ਉਨ੍ਹਾਂ ਸਿਹਤ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਜਾਗਰੂਕਤਾ ਕੈਂਪ ਲਾਉਣ ਸਮੇਤ ਕਲੋਰੀਨ ਦੀਆਂ ਗੋਲੀਆਂ ਵੰਡੀਆਂ ਜਾਣ ਤੇ ਪਟਿਆਲਾ ਸ਼ਹਿਰ ਸਮੇਤ ਬਾਕੀ ਜ਼ਿਲ੍ਹੇ ਅੰਦਰ ਵੀ ਚੌਕਸੀ ਵਰਤਣ ਸਮੇਤ ਲੋਕਾਂ ਨੂੰ ਗੰਦੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਣ ਲਈ ਜਾਗਰੂਕਤਾ ਮੁਹਿੰਮ 'ਚ ਢਿੱਲ ਨਾ ਵਰਤੀ ਜਾਵੇ।

---------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ ਹਰਿਆਣਾ, ਚੰਡੀਗੜ੍ਹ ਤੇ ਉਤਰਾਖੰਡ ਵਿੱਚ ਵੱਖ-ਵੱਖ ਥਾਵਾਂ 'ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ । ਅੱਜ ਫਤਹਿਗੜ੍ਹ ਸਾਹਿਬ ਸਮੇਤ ਹੋਰਨਾਂ ਕੁਝ ਥਾਵਾਂ ਤੇ ਮੀਂਹ ਪਿਆ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਸ ਇਨਾਸੀਓ ਲੂਲਾ ਡਾ ਸਿਲਵਾ ਨਾਲ ਦੋਵਾਂ ਮੁਲਕਾਂ ਵਿਚਕਾਰ, ਆਪਸੀ ਹਿੱਤਾਂ ਦੇ ਖੇਤਰਾਂ ਵਿੱਚ ਰਣਨੀਤਕ ਭਾਈਵਾਲੀ ਨੂੰ ਵਧਾਉਣ ਬਾਰੇ ਕਰਨਗੇ ਦੁਵੱਲੀ ਗੱਲਬਾਤ ।

- ਹਜ ਕਮੇਟੀ ਵਲੋਂ ਹਜ ਯਾਤਰਾ 2026 ਲਈ ਅਰਜ਼ੀ ਪ੍ਰਕਿਰਿਆ ਦੀ ਸ਼ੁਰੂਆਤ।
- ਕੈਬਿਨਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ, e-KYC ਪ੍ਰਕਿਰਿਆ ਨੂੰ ਪੂਰਾ ਕਰਨ ਲਈ, ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ ਨੂੰ ਜੰਗੀ ਪੱਧਰ ‘ਤੇ ਕੰਮ ਕਰਨ ਦੇ ਨਿਰਦੇਸ਼ I
- ਬੀਤੇ ਦਿਨੀ ਜ਼ਿਲਾ ਫਾਜ਼ਿਲਕਾ ਦੇ ਅਬੋਹਰ ਵਿਚ ਕਾਰੋਬਾਰੀ ਸੰਜੇ ਵਰਮਾ ਦੇ ਹੋਏ ਕਤਲ ਮਾਮਲੇ ’ਚ ਪੁਲਿਸ ਵਲੋਂ ਗਿਰਫ਼ਤਾਰ ਦੋ ਮੁਲਜ਼ਮ ਪੁਲਿਸ ਐਨਕਾਊਂਟਰ ਵਿਚ ਮਾਰੇ ਗਏ I
- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਉਤਰਾਖੰਡ ਵਿਚ, ਵੱਖ-ਵੱਖ ਥਾਵਾਂ 'ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦੀ ਪੇਸ਼ੀਨਗੋਈ।

**ਇਸਦੇ ਨਾਲ**

**ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**